# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/2014/ 1768 ਮਿਤੀ: 30/12/14

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

ਦਿੱਲੀ ਪਬਲਿਕ ਸਕੂਲ

ਜੰਡਿਆਲਾ ਗੁਰੂ ।

ਅੰਮ੍ਰਿਤਸਰ।

ਵਿਸ਼ਾ:-ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉੱਪ ਨਿਯਮ (4) ਅਧੀਨ ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ ਹੋਏ ਦਿੱਲੀ ਪਬਲਿਕ ਸਕੂਲ, ਜੰਡਿਆਲਾ ਗੁਰੂ, ਅੰਮ੍ਰਿਤਸਰ, ਸਕੂਲ ਨੂੰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਅਠਵੀਂ ਤੱਕ ਮਾਰਚ 2015 ਤੱਕ ਮਾਨਤਾ ਦਿਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਤੋਂ ਉਪਰਲੀਆਂ ਜਮਾਤਾਂ ਦੀ ਮਾਨਤਾ / ਨਵੀਨੀਕਰਨ ਲਈ ਲਾਜ਼ਮੀ ਹੈ।

2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।

3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।

4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।

5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।

6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ, ਜੇਕਰ ਬੱਚੇ ਵਲੋਂ ਦਾਖਲਾ ਲੈਣ ਲਈ ਬਾਅਦ ਵਿੱਚ ਵਧਾਏ ਗਏ ਸਮੇਂ ਦੋਰਾਨ ਪਹੁੰਚ ਕੀਤੀ ਜਾਂਦੀ ਹੈ, ਧਰਮ/ਜਾਤੀਵਾਦ/ਜਨਮ ਸਥਾਨ ਜਾਂ ਹੋਰ ਕੋਈ ਕਾਰਨ ਕਰਕੇ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-ੳ.) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।ਅ.) ਕਿਸੇ ਵੀ ਬੱਚੇ ਨੂੰ ਸਰੀਰਕ ਦੰਢ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।ੲ.) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।ਸ.) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 21 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ। ਹ.) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ।ਕ.) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ, ਪ੍ਰੰਤੂ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਮਿਤੀ 1 ਅਪ੍ਰੈਲ 2010 ਨੂੰ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀਂ ਕਰਦੇ,ਉਹ ਐਕਟ ਲਾਗੂ ਹੋਣ ਤੋਂ 5 ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿਦਿਅਕ ਯੋਗਤਾ ਪ੍ਰਾਪਤ ਕਰਨਗੇ।ਖ.) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ ।ਗ.) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ। ਪਿਛਲੀ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ:-

ੳ.) ਸਕੂਲ ਦੀ ਚਾਰਦੀਵਾਰੀ ਅੰਦਰ ਕੁੱਲ ਰਕਬਾ 5.6 Acres ਹੈ ਅਤੇ ਇਮਾਰਤ ਅਧੀਨ ਖੇਤਰ 103786 sqft ਹੈ ਅਤੇ ਸਕੂਲ ਵਿਚ 56 ਟ੍ਰੇਂਡ ਅਧਿਆਪਕ ਅਤੇ 01 ਸਕੂਲ ਮੁੱਖੀ ਹੈ । ਅ.) ਸੋਸਇਟੀ ਬਣੀ ਹੋਈ ਹੈ। ਇਸਦਾ ਰਜਿਸਟ੍ਰੇਸ਼ਨ ਨੰ 63 ਸਾਲ 2001-02 ਹੈ। ੲ.) ਸਕੂਲ ਵਿਚ ਟੀ.ਐਲ.ਐਮ, ਪੰਜਾਬੀ ਭਾਸ਼ਾ ਦੀ ਵਰਤੋਂ ਕੀਤੀ ਜਾਂਦੀ ਹੈ ਅਤੇ ਬਲੈਕ ਬੋਰਡ ਬਣੇ ਹੋਏ ਹਨ। ਸ.) ਸਕੂਲ ਵਿੱਚ ਚਾਰ ਦੀਵਾਰੀ, ਫਰਨੀਚਰ, ਬਿਜਲੀ, ਪਾਣੀ ਅਤੇ ਇਮਾਰਤ ਹਵਾਦਾਰ ਦਾ ਪ੍ਰਬੰਧ ਹੈ। ਹ.) ਬੱਚਿਆਂ ਦੀ ਗਿਣਤੀ ਮੁਤਾਬਿਕ ਜਮਾਤਾਂ ਦੇ ਕਮਰਿਆਂ ਦੀ ਗਿਣਤੀ ਸਹੀ ਪਾਈ ਗਈ ਹੈ, ਸਕੂਲਮੁਖੀ ਦੇ ਕਮਰੇ ਦਾ ਪ੍ਰਬੰਧ ਹੈ ਅਤੇ ਸਕੂਲ ਵਿੱਚ 73 ਪਖਾਨੇ 35 ਲੜਕੀਆਂ ਅਤੇ 38 ਲੜਕਿਆ ਲਈ ਬਣੇ ਹੋਏ ਹਨ। ਕ.) ਸਕੂਲ ਵਿੱਚ ਲਾਇਬ੍ਰੇਰੀ ਅਤੇ 6289 ਕਿਤਾਬਾ ਦਾ ਪ੍ਰਬੰਧ ਹੈ। ਖ.) ਕੰਮਕਾਜ ਦੇ ਕੁਲ ਦਿਨ 220 ਹਨ, ਪੌਦੇ / ਦਰਖਤ ਲੱਗੇ ਹੋਏ ਹਨ, ਸਕੂਲ ਵਿਚ ਖੇਡ ਦੇ ਮੈਦਾਨ ਅਤੇ ਸਾਮਾਨ ਦਾ ਪ੍ਰਬੰਧ ਹੈ, ਬੱਚਿਆਂ ਅਤੇ ਅਧਿਆਪਕਾਂ ਸੰਬੰਧੀ ਰਿਕਾਰਡ ਪੂਰਾ ਹੈ। ਗ.) ਬਿਲਡਿੰਗ ਸੇਫਟੀ ਅਤੇ ਫਾਇਰ ਸੇਫਟੀ ਸਰਟੀਫਿਕੇਟ ਮੌਜੂਦ ਹੈ ! ਫਾਇਰ ਸੇਫਟੀ ਸਾਮਾਨ ਨਾਲ ਲੈਂਸ ਹੈ, ਸਕੂਲ ਜਿਸ ਜਗ੍ਹਾ ਉਪਰ ਚੱਲ ਰਿਹਾ ਉਹ ਸਕੂਲ ਦੀ ਮਾਲਕੀ ਹੈ, ਸਕੂਲ ਵਿੱਚ ਬਿਨਾਂ ਰੁਕਾਵਟ ਪਹੁੰਚ ਹੈ, ਆਮਦਨ ਸੰਬੰਧੀ ਸੀ.ਏ ਰਿਪੋਰਟ ਮੌਜੂਦ ਹੈ।

9. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸ਼ਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ ਅੰਮ੍ਰਿਤਸਰ-01380 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਡਾਇਰੈਕਟਰ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਪੰਜਾਬ ਸਰਕਾਰ/ਸਥਾਨਕ ਅਥਾਰਟੀ ਦੀਆਂ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

17. ਸਕੂਲ/ਸੰਸਥਾ ਆਰ.ਟੀ.ਈ. ਐਕਟ 2009 ਦੀਆਂ ਸਾਰੀਆਂ ਸਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਦ ਹੋਵੇਗਾ ਅਤੇ ਜੇਕਰ ਸਕੂਲ/ਸੰਸਥਾ ਆਰ.ਟੀ.ਈ ਐਕਟ ਦੇ ਕਿਸੇ ਵੀ ਧਾਰਾ/ਨਿਯਮ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ ।

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਅੰਮ੍ਰਿਤਸਰ।

ਮਨਦੀਪ ਸਿੰਘ (ਲੀਗਲ ਸਹਾਇਕ)

ਸੁਖਰਾਜ ਕੌਰ (ਡਾਟਾ ਐਂਟਰੀ ਅਪਰੇਟਰ)